# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ
## (ਰਜਿਸਟਰਾਰ ਦਫ਼ਤਰ)

ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/60 ਮਿਤੀ: 19.01.2026

## ਦਫ਼ਤਰੀ ਹੁਕਮ

**ਵਿਸ਼ਾ: ਪੰਜਾਬ ਰਾਜ ਭਾਸ਼ਾ ਐਕਟ 1967 ਸਮੇਤ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਸੰਬੰਧੀ।**

ਪੰਜਾਬ ਸਰਕਾਰ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਦਾ ਪੱਤਰ ਨੰ. HED-EDUCO14/2/2023-4EDUCELL-Part(1)/1/1271617/2025 ਮਿਤੀ 19.12.2025 ਉਪਰੋਕਤ ਵਿਸ਼ੇ ਨਾਲ ਸੰਬੰਧਤ ਪ੍ਰਾਪਤ ਹੋਇਆ ਹੈ। ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਨੂੰ ਹੇਠ ਲਿਖੇ ਤੁਰੰਤ ਪ੍ਰਭਾਵ ਤੋਂ ਲਾਗੂ ਕੀਤੇ ਜਾਂਦੇ ਹਨ:

1. ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਵਿਚ ਕੀਤੇ ਉਪਬੰਧਾਂ ਅਨੁਸਾਰ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਮੇਨ ਕੈਂਪਸ, ਸਮੂਹ ਕੌਂਸਟੀਚਿਊਟ ਕੈਂਪਸ, ਮਾਨਤਾ ਪ੍ਰਾਪਤ ਕਾਲਜ ਅਤੇ ਖੁਦਮੁਖਤਿਆਰ ਕਾਲਜਾਂ ਵਿੱਚ ਸਮੁੱਚਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ 'ਪੰਜਾਬੀ' ਭਾਸ਼ਾ ਵਿੱਚ ਕੀਤਾ ਜਾਣਾ ਲਾਜ਼ਮੀ ਬਣਾਇਆ ਜਾਵੇ।
2. ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਮੇਨ ਕੈਂਪਸ, ਸਮੂਹ ਕੌਂਸਟੀਚਿਊਟ ਕੈਂਪਸ, ਮਾਨਤਾ ਪ੍ਰਾਪਤ ਕਾਲਜ ਅਤੇ ਖੁਦਮੁਖਤਿਆਰ ਕਾਲਜਾਂ ਦੀਆਂ ਵੈੱਬਸਾਈਟਾਂ 'ਅੰਗਰੇਜ਼ੀ' ਦੇ ਨਾਲ-ਨਾਲ 'ਪੰਜਾਬੀ' ਭਾਸ਼ਾ (ਭਾਵ ਦੋਨੋਂ ਭਾਸ਼ਾਵਾਂ) ਵਿੱਚ ਹੋਣੀਆਂ ਯਕੀਨੀ ਬਣਾਈਆਂ ਜਾਣ।

ਉਪਰੋਕਤ ਦਰਸਾਏ ਗਏ ਲੜੀ ਨੰ. 1 ਅਤੇ 2 ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

ਇਹ ਦਫ਼ਤਰੀ ਹੁਕਮ ਮਾਣਯੋਗ ਉਪ-ਕੁਲਪਤੀ ਜੀ ਵੱਲੋਂ ਮਿਤੀ 13.01.2026 ਨੂੰ ਮਿਲੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਗਿਆ ਹੈ।

(ਡਾ. ਨਵਦੀਪਕ ਸੰਧੂ)
ਰਜਿਸਟਰਾਰ

ਪਿੱਠ ਅੰ:ਨੰ: ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/61-66 ਮਿਤੀ: 19.01.2026

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਕੱਤਰ, ਉਪ-ਕੁਲਪਤੀ: ਮਾਣਯੋਗ ਉਪ-ਕੁਲਪਤੀ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਵਿਭਾਗ ਮੁਖੀ (ਟੀਚਿੰਗ ਅਤੇ ਨਾਨ-ਟੀਚਿੰਗ)
3. ਸਮੂਹ ਡਾਇਰੈਕਟਰ (ਆਈ.ਕੇ.ਜੀ.ਪੀ.ਟੀ.ਯੂ. ਦੇ ਕੌਂਸਟੀਚਿਊਐਂਟ ਕੈਂਪਸ)
4. ਸਮੂਹ ਪ੍ਰਿੰਸੀਪਲ/ਡਾਇਰੈਕਟਰ (ਆਈ.ਕੇ.ਜੀ.ਪੀ.ਟੀ.ਯੂ. ਦੇ ਮਾਨਤਾ ਪ੍ਰਾਪਤ ਕਾਲਜ ਅਤੇ ਖੁਦਮੁਖਤਿਆਰ ਕਾਲਜ)
5. ਰਜਿਸਟਰਾਰ ਦਫ਼ਤਰ ਅਧੀਨ ਆਉਂਦੇ ਸਮੂਹ ਬ੍ਰਾਂਚ ਮੁੱਖੀ
6. ਇੰਚਾਰਜ/ਡਿਪਟੀ ਰਜਿਸਟਰਾਰ (ਆਈ.ਟੀ.ਐਸ.): ਦਫ਼ਤਰੀ ਹੁਕਮ ਯੂਨੀਵਰਸਿਟੀ ਦੀ ਵੈੱਬਸਾਈਟ 'ਤੇ ਅਪਲੋਡ ਕਰਨ ਅਤੇ ਯੂਨੀਵਰਸਿਟੀ ਦੀ ਵੈੱਬਸਾਈਟ ਅਪਡੇਟ ਕਰਨ ਲਈ।

(ਡਾ. ਨਵਦੀਪਕ ਸੰਧੂ)
ਰਜਿਸਟਰਾਰ